# ਪ੍ਰਧਾਨ ਮੰਤਰੀ ਦੀ ਯੂਕਰੇਨ ਦੇ ਰਾਸ਼ਟਰਪਤੀ ਨਾਲ ਮੁਲਾਕਾਤ

20 ਮਈ, 2023

ਪ੍ਰਧਾਨ ਮੰਤਰੀ ਨੇ 20 ਮਈ 2023 ਨੂੰ ਹੀਰੋਸ਼ੀਮਾ ਵਿੱਚ ਜੀ-7 ਸਿਖਰ ਸੰਮੇਲਨ ਮੌਕੇ ਯੂਕਰੇਨ ਦੇ ਰਾਸ਼ਟਰਪਤੀ ਐਚ.ਈ. ਮਿਸਟਰ ਵੋਲੋਦੀਮੀਰ ਜ਼ੈਲੇਨਸਕੀ ਨਾਲ ਮੁਲਾਕਾਤ ਕੀਤੀ।

2. ਪ੍ਰਧਾਨ ਮੰਤਰੀ ਨੇ ਜਿਕਰ ਕੀਤਾ ਕਿ ਯੂਕਰੇਨ ਦੇ ਸੰਘਰਸ਼ ਦਾ ਪੂਰੀ ਦੁਨੀਆ 'ਤੇ ਮਹੱਤਵਪੂਰਨ ਪ੍ਰਭਾਵ ਪਿਆ ਹੈ। ਉਨ੍ਹਾਂ ਨੇ ਅੱਗੇ ਫੇਰ ਜ਼ੋਰ ਦੇ ਕੇ ਕਿਹਾ ਕਿ ਉਨ੍ਹਾਂ ਲਈ ਇਹ ਰਾਜਨੀਤਿਕ ਜਾਂ ਆਰਥਿਕ ਮੁੱਦਾ ਨਹੀਂ ਬਲਕਿ ਮਾਨਵਤਾ ਅਤੇ ਮਨੁੱਖੀ ਕਦਰਾਂ-ਕੀਮਤਾਂ ਨਾਲ ਜੁੜਿਆ ਮੁੱਦਾ ਹੈ।

3. ਪ੍ਰਧਾਨ ਮੰਤਰੀ ਨੇ ਭਾਰਤੀ ਵਿਦਿਆਰਥੀਆਂ ਦੀ ਸੁਰੱਖਿਅਤ ਨਿਕਾਸੀ ਵਿੱਚ ਯੂਕਰੇਨ ਦੇ ਸਹਿਯੋਗ ਦੀ ਸ਼ਲਾਘਾ ਕੀਤੀ ਅਤੇ ਯੂਕਰੇਨੀ ਸੰਸਥਾਵਾਂ ਦੁਆਰਾ ਵਿਦਿਆਰਥੀਆਂ ਲਈ ਭਾਰਤ ਵਿੱਚ ਹੀ ਪ੍ਰੀਖਿਆ ਆਯੋਜਿਤ ਕਰਨ ਦੇ ਫੈਸਲੇ ਦਾ ਸਵਾਗਤ ਕੀਤਾ।

4. ਪ੍ਰਧਾਨ ਮੰਤਰੀ ਨੇ ਅਗਲੇਰਾ ਰਸਤਾ ਲੱਭਣ ਲਈ ਗੱਲਬਾਤ ਅਤੇ ਕੂਟਨੀਤੀ ਸਬੰਧੀ ਭਾਰਤ ਦੇ ਸਪੱਸ਼ਟ ਸਮਰਥਨ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਕਿਹਾ ਕਿ ਸਥਿਤੀ ਦੇ ਹੱਲ ਲਈ ਭਾਰਤ ਅਤੇ ਪ੍ਰਧਾਨ ਮੰਤਰੀ ਨਿੱਜੀ ਤੌਰ 'ਤੇ ਆਪਣੀ ਸਾਧਨਾਂ ਜਾਂ ਕਾਰਜ ਪ੍ਰਣਾਲੀ ਮੁਤਾਬਕ ਸਭ ਕੁਝ ਕਰਨਗੇ।

5. ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ ਯੂਕਰੇਨ ਦੇ ਲੋਕਾਂ ਨੂੰ ਮਾਨਵਤਾਵਾਦੀ ਸਹਾਇਤਾ ਪ੍ਰਦਾਨ ਕਰਨਾ ਜਾਰੀ ਰੱਖੇਗਾ।

6. ਰਾਸ਼ਟਰਪਤੀ ਜ਼ੈਲੇਨਸਕੀ ਨੇ ਪ੍ਰਧਾਨ ਮੰਤਰੀ ਨੂੰ ਯੂਕਰੇਨ ਦੀ ਮੌਜੂਦਾ ਸਥਿਤੀ ਬਾਰੇ ਜਾਣਕਾਰੀ ਦਿੱਤੀ।

7. ਦੋਵੇਂ ਪੱਖ ਸੰਪਰਕ ਵਿੱਚ ਰਹਿਣ ਲਈ ਸਹਿਮਤ ਹੋਏ।

**ਹੀਰੋਸ਼ੀਮਾ**

**20 ਮਈ, 2023**